**ਸਲੋਕੁ ਮਃ ੩ ॥ ਮਾਇਆ ਮਮਤਾ ਮੋਹਣੀ ਜਿਨਿ ਵਿਣੁ ਦੰਤਾ ਜਗੁ ਖਾਇਆ ॥ ਮਨਮੁਖ ਖਾਧੇ ਗੁਰਮੁਖਿ ਉਬਰੇ ਜਿਨੀ ਸਚਿ ਨਾਮਿ ਚਿਤੁ ਲਾਇਆ ॥ {ਪੰਨਾ 643}**

ਪਦਅਰਥ:- ਜਿਨਿ—ਜਿਸ (ਮਾਇਆ ਦੀ ਅਪਣੱਤ) ਨੇ।

{ਨੋਟ:- 'ਮਾਇਆ' ਤੇ 'ਮਮਤਾ' ਦੋ ਵੱਖੋ ਵੱਖ ਚੀਜ਼ਾਂ ਨਹੀਂ ਲੈਣੀਆਂ ; ਲਫ਼ਜ਼ 'ਜਿਨਿ' (=ਜਿਸ ਨੇ) 'ਇਕ-ਵਚਨ' ਹੈ।

ਅਰਥ:- ਮਾਇਆ ਦੀ ਅਪਣੱਤ (ਭਾਵ, ਇਹ ਖ਼ਿਆਲ ਕਿ ਏਹ ਸ਼ੈ ਮੇਰੀ ਹੈ, ਇਹ ਧਨ ਮੇਰਾ ਹੈ,) ਮਨ ਨੂੰ ਮੋਹਣ ਵਾਲੀ ਹੈ , ਇਸ ਨੇ ਸੰਸਾਰ ਨੂੰ ਬਿਨਾਂ ਦੰਦਾਂ ਤੋਂ ਹੀ ਖਾ ਲਿਆ ਹੈ (ਭਾਵ, ਸਮੂਲਚਾ ਹੀ ਨਿਗਲ ਲਿਆ ਹੈ ), ਮਨਮੁਖ (ਇਸ 'ਮਮਤਾ' ਵਿਚ) ਗ੍ਰਸੇ ਗਏ ਹਨ , ਤੇ ਜਿਨ੍ਹਾਂ ਗੁਰਮੁਖਾਂ ਨੇ ਸੱਚੇ ਨਾਮ ਵਿਚ ਚਿੱਤ ਜੋੜਿਆ ਹੈ ਉਹ ਬਚ ਗਏ ਹਨ।

**ਬਿਨੁ ਨਾਵੈ ਜਗੁ ਕਮਲਾ ਫਿਰੈ ਗੁਰਮੁਖਿ ਨਦਰੀ ਆਇਆ ॥ ਧੰਧਾ ਕਰਤਿਆ ਨਿਹਫਲੁ ਜਨਮੁ ਗਵਾਇਆ ਸੁਖਦਾਤਾ ਮਨਿ ਨ ਵਸਾਇਆ ॥ {ਪੰਨਾ 643}**

ਅਰਥ:- ਸਤਿਗੁਰੂ ਦੇ ਸਨਮੁਖ ਹੋ ਕੇ ਇਹ ਦਿੱਸ ਪੈਂਦਾ ਹੈ ਕਿ ਸੰਸਾਰ ਨਾਮ ਤੋਂ ਬਿਨਾ ਕਮਲਾ ਹੋਇਆ ਭਟਕਦਾ ਹੈ , ਮਾਇਆ ਦੇ ਕਜ਼ੀਏ ਕਰਦਿਆਂ ਮਨੁੱਖਾ ਜਨਮ ਨਿਸਫਲ ਗਵਾ ਲੈਂਦਾ ਹੈ ਤੇ ਸੁਖਦਾਤਾ ਨਾਮ ਮਨ ਵਿਚ ਨਹੀਂ ਵਸਾਉਂਦਾ।

**ਨਾਨਕ ਨਾਮੁ ਤਿਨਾ ਕਉ ਮਿਲਿਆ ਜਿਨ ਕਉ ਧੁਰਿ ਲਿਖਿ ਪਾਇਆ ॥੧॥ {ਪੰਨਾ 644}**

ਅਰਥ:- (ਪਰ) ਹੇ ਨਾਨਕ! ਨਾਮ ਉਹਨਾਂ ਮਨੁੱਖਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਕੀਤੇ ਕਰਮਾਂ ਦੇ ਅਨੁਸਾਰ) (ਸੰਸਕਾਰ-ਰੂਪ ਲੇਖ) ਉੱਕਰ ਕੇ ਪ੍ਰਭੂ ਨੇ ਰੱਖ ਦਿੱਤਾ ਹੈ।1।